ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 08-06-2024 (26 ਜੇਠ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 389 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੰਤ੍ਰਿੰਗ ਕਮੇਟੀ ਦੀ ਅੱਜ ਦੀ ਇਹ ਇਕੱਤਰਤਾ ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਾਬਕਾ ਗ੍ਰੰਥੀ ਗਿਆਨੀ ਸੁਖਚੈਂਨ ਸਿੰਘ ਜੀ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦੀ ਹੈ।

ਗਿਆਨੀ ਜੀ ਦੇ ਸਦੀਵੀ ਵਿਛੋੜਾ ਦੇ ਜਾਣ ਨਾਲ ਉਨ੍ਹਾਂ ਦੇ ਪਰਿਵਾਰ, ਸੱਜਣਾਂ, ਮਿੱਤਰਾਂ-ਸਨੇਹੀਆਂ ਤੇ ਪੰਥ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਅੱਜ ਦੀ ਇਹ ਇਕੱਤਰਤਾ ਗਹਿਰੇ ਸਦਮੇ ਨਾਲ ਉਹਨਾਂ ਦੇ ਪਰਿਵਾਰ ਨਾਲ ਹਮਦਰਦੀ ਦਾ ਇਜ਼ਹਾਰ ਕਰਦੀ ਹੈ।

ਗਿਆਨੀ ਸੁਖਚੈਨ ਸਿੰਘ ਸਾਬਕਾ ਗ੍ਰੰਥੀ ਜੀ ਨੇ ਜਿੱਥੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਖੇ ਸੇਵਾਵਾਂ ਨਿਭਾਈਆਂ, ਉਥੇ ਲੰਬਾ ਸਮਾਂ ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਗ੍ਰੰਥੀ ਦੀ ਸੇਵਾ ਨਿਭਾਉਂਦਿਆਂ ਸੰਗਤਾਂ ਨੂੰ ਬਾਣੀ ਬਾਣੇ ਨਾਲ ਜੋੜਿਆ ਅਤੇ ਗੁਰੂ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਕੀਤੀ। ਗਿਆਨੀ ਸੁਖਚੈਨ ਸਿੰਘ ਜੀ ਨੇ ਸਿੱਖ ਧਰਮ ਦੇ ਪ੍ਰਚਾਰ-ਪ੍ਰਸਾਰ ਲਈ ਬਹੁਮੁਲਾ ਯੋਗਦਾਨ ਪਾਇਆ।

ਅੱਜ ਦੀ ਇਹ ਇਕੱਤਰਤਾ ਅਕਾਲ ਪੁਰਖ ਦੇ ਚਰਨਾਂ ਵਿੱਚ ਅਰਦਾਸ-ਬੇਨਤੀ ਕਰਦੀ ਹੈ ਕਿ ਸੱਚੇ ਪਾਤਸ਼ਾਹ ਗਿਆਨੀ ਸੁਖਚੈਨ ਸਿੰਘ ਜੀ ਦੀ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਸਦੀਵੀ ਕਾਲ ਲਈ ਨਿਵਾਸ ਬਖਸ਼ਣ, ਪਿਛੇ ਪੰਥ, ਪਰਿਵਾਰ ਅਤੇ ਸੱਜਣ ਸਨੇਹੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20731

ਮਿਤੀ 15-6-2024

ਉਤਾਰਾ:
1. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਗੁ: ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਸਬੰਧਤਾ ਪਾਸ

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 08-06-2024 (26 ਜੇਠ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 390 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਬੀਬੀ ਹਰਦੀਪ ਕੌਰ ਜੀ ਖੋਖ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰੀ ਅੰਮ੍ਰਿਤਸਰ ਦੇ ਜਵਾਈ ਸਰਦਾਰ ਮਨਜੋਤ ਸਿੰਘ ਦੇ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖਦਾ ਇਜ਼ਹਾਰ ਕਰਦੀ ਹੈ। ਉਹ ਚੰਗੇ ਸੁਭਾਅ, ਨੇਕ ਦਿਲ ਅਤੇ ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20730

ਮਿਤੀ 15-6-2024

ਉਤਾਰਾ:
1. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਗੁ: ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਸਬੰਧਤਾ ਪਾਸ

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 08-06-2024 (26 ਜੇਠ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 391 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਗਿਆਨੀ ਮਲਕੀਤ ਸਿੰਘ ਜੀ ਐਡੀਸ਼ਨਲ ਹੈੱਡ ਗ੍ਰੰਥੀ, ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਨੌਜੁਆਨ ਸਪੁੱਤਰ ਭਾਈ ਹਰਚਰਨਪ੍ਰੀਤ ਸਿੰਘ ਦੀ ਐਕਸੀਡੈਂਟ ਕਾਰਨ ਅਕਾਲ ਚਲਾਣਾ ਕਰ ਜਾਣ ਪੁਰ ਗਹਿਰੇ ਦੁੱਖਦਾ ਇਜ਼ਹਾਰ ਕਰਦੀ ਹੈ। ਉਹ ਚੰਗੇ ਸੁਭਾਅ, ਨੇਕ ਦਿਲ, ਮਿਲਣਸਾਰ ਸਖਸ਼ੀਅਤ ਦੇ ਮਾਲਕ ਸਨ।

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅੱਜ ਦੀ ਇਕੱਤਰਤਾ ਅਕਾਲ ਪੁਰਖ ਦੇ ਚਰਨਾਂ ਵਿਚ ਅਰਦਾਸ ਕਰਦੀ ਹੈ ਕਿ ਵਿੱਛੜੀ ਆਤਮਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ, ਸਾਕ-ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20761

ਮਿਤੀ 17-6-2024

ਉਤਾਰਾ:
1. ਇੰਚਾਰਜ ਜੀ (ਰੀਕਾਰਡ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਇੰਚਾਰਜ ਜੀ (ਗੁ: ਗਜ਼ਟ), ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਸਬੰਧਤਾ ਪਾਸ

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 08-06-2024 (26 ਜੇਠ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 410 ਦੀ ਨਕਲ :-**

ਮੈਨੇਜਰ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੀ ਪੱਤ੍ਰਿਕਾ ਨੰਬਰ 3579, ਮਿਤੀ 29-5-2024 ਅਨੁਸਾਰ ਭਾਈ ਗੁਰਪ੍ਰੀਤ ਸਿੰਘ (ਸਪੁੱਤਰ ਸ੍ਰ. ਗੁਰਮੁਖ ਸਿੰਘ) ਆਰਜੀ ਸੇਵਾਦਾਰ ਦੀ ਡਿਊਟੀ ਦੌਰਾਨ ਲੰਗਰ ਸ੍ਰੀ ਗੁਰੂ ਰਾਮਦਾਸ ਵਿਖੇ ਆਟਾ ਗੁੰਨਣ ਵਾਲੀ ਮਸ਼ੀਨ ਵਿੱਚ ਹੱਥ ਆ ਜਾਣ ਕਰਕੇ ਕਾਫੀ ਸੱਟ ਲੱਗ ਗਈ ਹੈ। ਗਰੀਬ ਪਰਿਵਾਰ ਨਾਲ ਸਬੰਧ ਰੱਖਦਾ ਹੋਣ ਕਰਕੇ ਇਲਾਜ ਲਈ ਵੱਧ ਤੋਂ ਵੱਧ ਮਾਲੀ ਸਹਾਇਤਾ ਦਾ ਮਾਮਲਾ, **ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਭਾਈ ਗੁਰਪ੍ਰੀਤ ਸਿੰਘ (ਸਪੁੱਤਰ ਸ੍ਰ. ਗੁਰਮੁਖ ਸਿੰਘ) ਆਰਜੀ ਸੇਵਾਦਾਰ ਦੀ ਡਿਊਟੀ ਦੌਰਾਨ ਲੰਗਰ ਸ੍ਰੀ ਗੁਰੂ ਰਾਮਦਾਸ ਵਿਖੇ ਆਟਾ ਗੁੰਨਣ ਵਾਲੀ ਮਸ਼ੀਨ ਵਿੱਚ ਹੱਥ ਆ ਜਾਣ ਕਰਕੇ ਇਲਾਜ ਲਈ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਫੰਡਾਂ ਵਿੱਚੋਂ 50,000/-ਅੱਖਰੀਂ ਪੰਜਾਹ ਹਜ਼ਾਰ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

**ਇਹ ਵੀ ਪ੍ਰਵਾਨ ਹੋਇਆ ਕਿ ਆਟਾ ਗੁੰਨਣ ਵਾਲੀਆਂ ਮਸ਼ੀਨਾਂ ਉੱਪਰ ਕੰਮ ਕਰਨ ਵਾਲੇ ਸੇਵਾਦਾਰਾਂ/ ਨਿਸ਼ਕਾਮ ਸੇਵਾਦਾਰਾਂ ਨਾਲ ਬਹੁਤ ਦੁਰਘਟਨਾਵਾਂ ਸਾਹਮਣੇ ਆ ਰਹੀਆਂ ਹਨ। ਆਟਾ ਗੁੰਨਣ ਵਾਲੀਆਂ ਮਸ਼ੀਨਾਂ ਤੇ ਹੋਰ ਮਸ਼ੀਨਰੀ ਪੁਰ ਅਜਿਹੀਆਂ ਘਟਨਾਵਾਂ ਰੋਕਣ ਲਈ ਸਮੂੰਹ ਗੁਰਦੁਆਰਾ ਮੈਨੇਜਰ ਸਾਹਿਬਾਨ ਨੂੰ ਵਿਸਥਾਰ ਸਹਿਤ ਸਰਕੂਲਰ ਜਾਰੀ ਕੀਤਾ ਜਾਵੇ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20734

ਮਿਤੀ 15-6 -2024

ਉਤਾਰਾ:
1. ਮੈਨੇਜਰ ਜੀ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ।
2. ਇੰਚਾਰਜ ਜੀ ਸੈਕਸ਼ਨ-85, ਪਾਸ ਸਰਕੂਲਰ ਕਰਨ ਸਬੰਧੀ।
3. ਇੰਚਾਰਜ ਜੀ ਸੈਕਸ਼ਨ-87, ਪਾਸ ਸਰਕੂਲਰ ਕਰਨ ਸਬੰਧੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 08-06-2024 (26 ਜੇਠ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 411 ਦੀ ਨਕਲ :-**

ਸਕੱਤਰੇਤ ਸ੍ਰੀ ਅਕਾਲ ਤਖਤ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪੱਤਰ ਨੰਬਰ 670 ਮਿਤੀ 15-3-2024 ਰਾਹੀਂ ਸ. ਗੁਰਨਾਮ ਸਿੰਘ (ਸਪੁੱਤਰ ਸ੍ਰ. ਮਹਿੰਗਾ ਸਿੰਘ) ਪਿੰਡ ਸੁਤਰਾਣਾ, ਤਹਿ: ਪਾਤੜਾ, ਜਿਲ੍ਹਾ ਪਟਿਆਲਾ ਵੱਲੋਂ ਦਰਖਾਸਤ ਪੁੱਜੀ ਹੈ ਕਿ 1984 ਦੇ ਸਿੱਖ ਸੰਘਰਸ਼ ਦੌਰਾਨ 20 ਸਾਲ ਜੇਲ੍ਹ ਵਿੱਚ ਬੰਦ ਰਹਿਣ ਕਰਕੇ ਸਾਰੀ ਜਮੀਨ ਵੇਚ ਕੇ ਕੇਸ ਉਪਰ ਲਗ ਗਈ ਹੈ। ਹੁਣ ਘਰ ਦੀ ਆਰਥਿਕ ਹਾਲਤ ਕਮਜੋਰ ਹੋਣ ਕਰਕੇ ਸਹਾਇਤਾ ਦੀ ਮੰਗ ਕੀਤੀ ਹੈ। ਇਸ ਸਬੰਧੀ ਚੀਫ ਗੁ:ਇੰਸਪੈਕਟਰ ਦੀ ਪੜਤਾਲੀਆ ਰਿਪੋਰਟ ਅਨੁਸਾਰ ਸਬੰਧਤ ਨੂੰ ਸਹਾਇਤਾ ਦੇਣ ਦਾ ਮਾਮਲਾ, **ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸ. ਗੁਰਨਾਮ ਸਿੰਘ (ਸਪੁੱਤਰ ਸ੍ਰ. ਮਹਿੰਗਾ ਸਿੰਘ) ਪਿੰਡ ਸੁਤਰਾਣਾ, ਤਹਿ: ਪਾਤੜਾ, ਜਿਲ੍ਹਾ ਪਟਿਆਲਾ ਵੱਲੋਂ ਟਾਡਾਂ ਅਧੀਨ 20 ਸਾਲ ਜੇਲ੍ਹ ਕੱਟੀ ਹੋਣ ਕਰਕੇ 'ਸ਼ਹੀਦੀ ਫੰਡ' ਵਿੱਚੋਂ 1,00,000/-ਅੱਖਰੀਂ ਇੱਕ ਲੱਖ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20768

ਮਿਤੀ 17-6-2024

ਉਤਾਰਾ: 1. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 08-06-2024 (26 ਜੇਠ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 439 ਦੀ ਨਕਲ :-**

ਸ. ਰਣਜੀਤ ਸਿੰਘ (ਸਪੁੱਤਰ ਸਵ: ਜਸਪਾਲ ਸਿੰਘ) ਪਿੰਡ ਕਲੇਰ, ਜਿਲ੍ਹਾ ਫਰੀਦਕੋਟ ਵੱਲੋਂ ਮਾਤਾ ਸੁਖਮੰਦਰ ਕੌਰ ਦੀ ਖਨੌਰੀ ਬਾਰਡਰ ਪੁਰ ਮੌਤ ਹੋ ਜਾਣ ਕਾਰਨ, ਆਰਥਿਕ ਹਾਲਤ ਕਮਜੋਰ ਹੋਣ ਕਰਕੇ, ਸਹਾਇਤਾ ਲੈਣ ਦੀ ਕੀਤੀ ਮੰਗ ਦੇ ਸਬੰਧ ਵਿੱਚ ਸ੍ਰ. ਸ਼ੇਰ ਸਿੰਘ ਜੀ ਮੈਂਬਰ ਸ਼੍ਰੋਮਣੀ ਗੁ:ਪ੍ਰ:ਕਮੇਟੀ ਵੱਲੋਂ ਸਹਾਇਤਾ ਦੇਣ ਦੀ ਕੀਤੀ ਸਿਫਾਰਸ਼ ਦਾ **ਮਾਮਲਾ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪ੍ਰਵਾਨ ਹੋਇਆ ਕਿ ਸ੍ਰ. ਰਣਜੀਤ ਸਿੰਘ ਨੂੰ 'ਸ਼ਹੀਦੀ ਫੰਡ' ਵਿੱਚੋਂ 1,00,000/-ਅੱਖਰੀਂ ਇਕ ਲੱਖ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20705

ਮਿਤੀ 12-6-2024

ਉਤਾਰਾ:
1. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਆਰ.ਕੇ. ਜੀ (ਟਰੱਸਟ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

੧ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 08-06-2024 (26 ਜੇਠ ਸੰਮਤ ਨਾਨਕਸ਼ਾਹੀ 556) ਦੇ ਮਤਾ ਨੰਬਰ 485 ਦੀ ਨਕਲ :-**

ਸ੍ਰ. ਗਗਨਪ੍ਰੀਤ ਸਿੰਘ ਖਾਲਸਾ, ਮਕਾਨ ਨੰਬਰ 46, ਜੀ.ਆਰ.ਡੀ.ਕਲੋਨੀ, ਭਾਮੀਆਂ ਰੋਡ, ਆਂਸਲ ਬਚਿੱਤਰ ਇਨਕਲੇਵ, ਲੁਧਿਆਣਾ ਵੱਲੋਂ ਕੈਂਸਰ ਦੇ ਇਲਾਜ ਲਈ ਸਹਾਇਤਾ ਲੈਣ ਦੀ ਕੀਤੀ ਮੰਗ ਦੇ ਸਬੰਧ ਵਿੱਚ ਸ੍ਰ. ਪ੍ਰਿਤਪਾਲ ਸਿੰਘ ਜੀ ਪਾਲੀ ਮੈਂਬਰ, ਧਰਮ ਪ੍ਰਚਾਰ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸਹਾਇਤਾ ਦੇਣ ਦੀ ਕੀਤੀ ਸਿਫਾਰਸ਼ ਦਾ **ਮਾਮਲਾ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿੱਚ ਪ੍ਰਧਾਨ ਸਾਹਿਬ ਦੀ ਆਗਿਆ ਤੇ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪ੍ਰਵਾਨ ਹੋਇਆ ਕਿ ਸ੍ਰ. ਗਗਨਪ੍ਰੀਤ ਸਿੰਘ ਖਾਲਸਾ ਨੂੰ 'ਧਰਮ ਅਰਥ ਫੰਡ' ਵਿੱਚੋਂ 40,000/-ਅੱਖਰੀਂ ਚਾਲੀ ਹਜ਼ਾਰ ਰੁਪਏ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 20848. ਮਿਤੀ 20-6-2024

ਉਤਾਰਾ: 1. ਆਰ.ਕੇ. ਜੀ (ਟਰੱਸਟ ਬ੍ਰਾਂਚ), ਸ਼੍ਰੋਮਣੀ ਗੁ:ਪ੍ਰ:ਕਮੇਟੀ।
-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਪ੍ਰਤਾਪ ਸਿੰਘ)
ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।